# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-08-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਹੜ੍ਹਾਂ ਦਾ ਕਹਿਰ ਜਾਰੀ।
- ਜੰਮੂ-ਕਸ਼ਮੀਰ ਦੇ ਕਟੜਾ ਵਿੱਚ ਵੈਸ਼ਨੋ ਦੇਵੀ ਮੰਦਰ ਨੂੰ ਜਾਣ ਵਾਲੇ ਰਸਤੇ 'ਤੇ ਜ਼ਮੀਨ ਖਿਸਕਣ ਕਾਰਨ  ਕਈ ਲੋਕਾਂ ਦੀ ਮੌਤ ਰਾਹਤ ਅਤੇ ਬਚਾਅ ਕਾਰਜ ਜੰਗੀ ਜਾਰੀ ਨੇ - ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਘਟਨਾ 'ਤੇ ਦੁੱਖ ਪ੍ਰਗਟ ਕੀਤਾ।
- ਉੱਤਰੀ ਰੇਲਵੇ ਵਲੋਂ ਜੰਮੂ ਕਸ਼ਮੀਰ 'ਚ ਲਗਾਤਾਰ ਭਾਰੀ ਬਾਰਿਸ਼ ਕਾਰਨ ਜੰਮੂ ਰੇਲਵੇ ਸਟੇਸ਼ਨ ਤੋਂ ਆਉਣ-ਜਾਣ ਵਾਲੀਆਂ ਕਈ ਰੇਲਗੱਡੀਆਂ ਰੱਦ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ- ਭਾਰਤ ਕਿਸੇ ਦੀ ਜ਼ਮੀਨ ਹੜੱਪਣਾ ਨਹੀਂ ਚਾਹੁੰਦਾ ਪਰ ਆਪਣੀ ਜ਼ਮੀਨ ਦੀ ਰੱਖਿਆ ਲਈ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਏ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਜ਼ਿੰਬਾਬਵੇ ਦੇ ਇੱਕ ਵਿਦਿਆਰਥੀ ਦੇ ਕਤਲ ਮਾਮਲੇ ਵਿੱਚ ਪੰਜਾਬ ਪੁਲਿਸ ਮੁੱਖੀ ਅਤੇ ਬਠਿੰਡਾ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ ਨੋਟਿਸ ਜਾਰੀ ਕੀਤਾ।
- ਭਾਰਤ ਦੇ ਸਾਬਕਾ ਸਪਿਨ ਗੇਂਦਬਾਜ਼ ਰਵੀ-ਚੰਦਰਨ ਅਸ਼ਵਿਨ ਵਲੋਂ IPL ਤੋਂ ਸੰਨਿਆਸ ਲੈਣ ਦਾ ਐਲਾਨ ।

**ਹੁਣ ਖਬਰਾਂ ਵਿਸਥਾਰ ਨਾਲ.....**

---

ਪੰਜਾਬ ਵਿੱਚ ਰਾਵੀ, ਬਿਆਸ ਅਤੇ ਸਤਲੁਜ ਦਰਿਆਵਾਂ ਵਿਚ ਪਾਣੀ ਦਾ ਪੱਧਰ ਵਧਣ ਨਾਲ, ਸਰਹੱਦੀ ਸੂਬੇ ਦੇ ਕਈ ਹਿੱਸਿਆਂ ਵਿੱਚ ਮੁਸ਼ਕਲਾਂ ਪੈਦਾ ਹੋ ਗਈਆਂ ਨੇ। ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਗਿਆ ਏ ਅਤੇ ਫਸੇ ਹੋਏ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਬਚਾਅ ਅਤੇ ਰਾਹਤ ਕਾਰਜ ਜਾਰੀ ਨੇ। ਰਣਜੀਤ ਸਾਗਰ ਡੈਮ, ਪੋਂਗ ਅਤੇ ਭਾਖੜਾ ਡੈਮ ਤੋਂ ਪਾਣੀ ਦੀ ਨਿਯੰਤਰਿਤ ਮਾਤਰਾ ਵਿਚ ਪਾਣੀ ਛੜੇ ਜਾਣ ਨਾਲ, ਸਥਿਤੀ ਹੋਰ ਵੀ ਗੰਭੀਰ ਹੋ ਗਈ ਏ। ਸਾਰੇ ਸਰਕਾਰੀ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਨੇ ਅਤੇ ਸਕੂਲਾਂ ਵਿੱਚ 30 ਅਗਸਤ ਤੱਕ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਏ। ***ਹੋਰ ਵੇਰਵੇ ਨਾਲ ਇਕ ਰਿਪੋਰਟ :***

ਸੱਤ ਜ਼ਿਲ੍ਹੇ - ਫਾਜ਼ਿਲਕਾ, ਫਿਰੋਜ਼ਪੁਰ, ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਕਪੂਰਥਲਾ ਅਤੇ ਤਰਨਤਾਰਨ ਪਹਿਲਾਂ ਹੀ ਹਾਈ ਅਲਰਟ 'ਤੇ ਹਨ, ਅਜਨਾਲਾ ਸੈਕਟਰ ਵਿੱਚ ਅੰਮ੍ਰਿਤਸਰ ਦੇ ਕੁਝ ਖੇਤਰ ਵੀ ਡੁੱਬ ਗਏ ਹਨ ਅਤੇ ਰਾਹਤ ਕਾਰਜ ਜਾਰੀ ਹਨ। ਗੁਰਦਾਸਪੁਰ ਦੇ ਇੱਕ ਪਿੰਡ ਵਿੱਚ ਇੱਕ ਡੇ-ਬੋਰਡਿੰਗ ਨਵੋਦਿਆ ਵਿਦਿਆਲਾ ਵਿੱਚ 400 ਤੋਂ ਵੱਧ ਵਿਦਿਆਰਥੀ ਅਤੇ ਅਧਿਆਪਕ ਫਸੇ ਹੋਏ ਹਨ ਜੋ ਨਿਕਾਸੀ ਦੀ ਉਡੀਕ ਕਰ ਰਹੇ ਹਨ। ਇਸ ਦੌਰਾਨ, ਭਾਰਤੀ ਫੌਜ, ਬੀ.ਐਸ.ਐਫ, ਐਨ.ਡੀ.ਆਰ.ਐਫ ਅਤੇ ਪੰਜਾਬ ਪੁਲਿਸ ਲੋੜਵੰਦਾਂ ਤੱਕ ਪਹੁੰਚਣ ਅਤੇ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ 'ਤੇ ਲਿਜਾਣ ਲਈ ਆਪਣੀ ਪੂਰੀ ਕੋਸ਼ਿਸ਼ ਕਰ ਰਹੇ ਹਨ। ਭਾਰਤੀ ਫੌਜ ਦੇ ਏਵੀਏਸ਼ਨ ਕੋਰ ਨੇ ਅੱਜ ਸਵੇਰੇ ਇੱਕ ਦਲੇਰਾਨਾ ਬਚਾਅ ਕਾਰਜ ਵਿੱਚ ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਵਿਖੇ ਇੱਕ ਇਮਾਰਤ ਤੋਂ ਸੀਆਰਪੀਐਫ ਜਵਾਨਾਂ ਸਮੇਤ 22 ਵਿਅਕਤੀਆਂ ਨੂੰ ਬਚਾਇਆ ਹੈ। ਇਸੇ ਤਰ੍ਹਾਂ, ਸੀਮਾ ਸੁਰੱਖਿਆ ਬਲ ਨੇ ਗੁਰਦਾਸਪੁਰ ਅਤੇ ਫਿਰੋਜ਼ਪੁਰ ਦੇ ਦੀਨਾਨਗਰ ਤੋਂ 85 ਤੋਂ ਵੱਧ ਪਿੰਡ ਵਾਸੀਆਂ ਨੂੰ ਬਾਹਰ ਕੱਢਿਆ ਹੈ। ਰਾਵੀ ਨਦੀ ਉੱਤੇ ਲਖਨਪੁਰ-ਮਾਧੋਪੁਰ ਪੁਲ ਨੂੰ ਨੁਕਸਾਨ ਪਹੁੰਚਣ ਕਾਰਨ ਜਲੰਧਰ-ਜੰਮੂ ਰਾਸ਼ਟਰੀ ਰਾਜਮਾਰਗ ਨੂੰ ਬੰਦ ਕਰ ਦਿੱਤਾ ਗਿਆ ਹੈ। ਹਾਲਾਂਕਿ, ਡਾਕਟਰੀ ਐਮਰਜੈਂਸੀ ਦਾ ਧਿਆਨ ਰੱਖਿਆ ਜਾ ਰਿਹਾ ਹੈ। ਸਥਾਨਕ ਪ੍ਰਸ਼ਾਸਨ ਦੇ ਨਾਲ ਰਾਜ ਦੇ

ਕੈਬਨਿਟ ਮੰਤਰੀ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹਨ।

-----------------------------------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਏ ਕਿ ਸੂਬਾ ਸਰਕਾਰ ਹੜ੍ਹਾਂ ਕਾਰਨ ਫ਼ਸਲਾਂ ਦੇ ਹੋਏ ਨੁਕਸਾਨ ਦਾ ਹਰ ਕਿਸਾਨ ਨੂੰ ਪੂਰਾ ਮੁਆਵਜਾ ਦਿੱਤਾ ਜਾਵੇਗਾ । ਅੱਜ ਸੁਲਤਾਨਪੁਰ ਲੋਧੀ ਵਿਖੇ ਹੜ੍ਹ ਪੀੜਤਾਂ ਦੀ ਸਾਰ ਲੈਣ ਤੇ ਰਾਹਤ ਕੰਮਾਂ ਦੀ ਸਮੀਖਿਆ ਕਰਨ ਪੁੱਜੇ ਮਾਲ ਮੰਤਰੀ ਨੇ ਕਿਹਾ ਕਿ ਇਹ ਕੁਦਰਤੀ ਆਫ਼ਤ ਏ ਤੇ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਦੇ ਨਾਲ ਖੜ੍ਹੀ ਏ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਨੇ ਅਤੇ ਇਸ ਕੰਮ ਨੂੰ ਜਲਦ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਮਾਲ ਅਫ਼ਸਰ ਅਤੇ ਨਾਇਬ ਤਹਿਸੀਲਦਾਰ ਵਿਸ਼ੇਸ਼ ਤੌਰ ’ਤੇ ਤਾਇਨਾਤ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਪਾਣੀ ਘੱਟਦੇ ਸਾਰ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਨਾਲ ਦੀ ਨਾਲ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਾਣੀ ਦੀ ਮਾਰ ਹੇਠ ਆਏ ਇਲਾਕਿਆਂ ਵਿੱਚ ਲੋਕਾਂ ਨੂੰ ਰਾਹਤ ਪਹੁੰਚਾਉਣ ਅਤੇ ਹਾਲਾਤ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਬਾਕਾਇਦਾ ਮੰਤਰੀਆਂ ਦੇ ਸਮੂਹਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ

ਹਨ। ਮੰਤਰੀ ਨੇ ਪਿੰਡ ਆਹਲੀ ਕਲਾਂ, ਆਹਲੀ ਖੁਰਦ ਅਤੇ ਬਾਊਪੁਰ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਆਹਲੀ ਕਲਾਂ ਦੇ ਲੋਕਾਂ ਨਾਲ ਵੀ ਗੱਲਬਾਤ ਕੀਤੀ, ਜਿੱਥੇ ਬੀਤੇ ਕੱਲ੍ਹ ਆਰਜ਼ੀ ਬੰਨ੍ਹ ਟੁੱਟਣ ਕਾਰਨ ਹਜ਼ਾਰਾਂ ਏਕੜ ਫਸਲ ਪਾਣੀ ਦੀ ਮਾਰ ਹੇਠ ਆ ਗਈ ਏ । ਆਹਲੀ ਕਲਾਂ ਦੇ ਲੋਕਾਂ ਨੇ ਕੈਬਨਿਟ ਮੰਤਰੀ ਨੂੰ ਆਰਜ਼ੀ ਬੰਨ੍ਹ ਟੁੱਟਣ ਕਾਰਨ ਹੋ ਰਹੇ ਨੁਕਸਾਨ ਬਾਰੇ ਜਾਣੂੰ ਕਰਵਾਇਆ ਅਤੇ ਪੰਚਾਇਤ ਵੱਲੋਂ ਮੰਤਰੀ ਨੂੰ ਮੰਗ ਪੱਤਰ ਵੀ ਸੌਂਪਿਆ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪਾਣੀ ਦੇ ਵਧੇ ਪੱਧਰ ਕਰਕੇ ਮੰਡ ਖੇਤਰ ਦੇ ਨੀਵੇਂ ਇਲਾਕਿਆਂ ਦੇ ਲੋਕ ਸੁਰੱਖਿਅਤ ਥਾਵਾਂ ਤੇ ਆ ਜਾਣ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਹੜ੍ਹ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਇਸ ਤੋਂ ਇਲਾਵਾ ਹੜ੍ਹਾਂ ਦੀ ਮਾਰ ਹੇਠ ਆਏ ਪਰਿਵਾਰਾਂ ਨੂੰ ਰਾਸ਼ਨ, ਦਵਾਈਆਂ, ਪਸ਼ੂਆਂ ਲਈ ਚਾਰਾ ਪਹੁੰਚਾਇਆ ਜਾ ਰਿਹਾ ਏ ਤਾਂ ਜੋ ਇਸ ਕੁਦਰਤੀ ਆਫ਼ਤ ਦੌਰਾਨ ਉਨ੍ਹਾਂ ਨੂੰ ਰਾਹਤ ਪਹੁੰਚਾਈ ਜਾ ਸਕੇ। ਕਪੂਰਥਲਾ ਜ਼ਿਲ੍ਹੇ ਵਿੱਚ ਹੜ੍ਹਾਂ ਕਾਰਨ ਪੈਦਾ ਹੋਏ ਹਾਲਾਤਾਂ ਦੇ ਮੱਦੇਨਜ਼ਰ ਰਾਹਤ ਕਾਰਜਾਂ ਤੇ ਲੋਕਾਂ ਦੀ ਸਹਾਇਤਾ ਲਈ ਇੱਕ ਹੋਰ ਕੰਟਰੋਲ ਰੂਮ ਨੰਬਰ 62-800-49-331 ਜਾਰੀ ਕੀਤਾ ਗਿਆ ਏ । ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਲੋਕਾਂ ਨੂੰ ਹੜ੍ਹ ਵਾਲੇ ਖੇਤਰਾਂ ਦੇ ਲੋਕ ਕਿਸੇ ਵੀ ਸਮੱਸਿਆ ਸਬੰਧੀ ਕੰਟਰੋਲ ਰੂਮ ਨੰਬਰ ਤੇ

ਸੰਪਰਕ ਕਰਨ ਦੀ ਅਪੀਲ ਕੀਤੀ ਏ । ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 018-22-231-990 ਵੀ ਕੰਮ ਕਰ ਰਿਹਾ ਏ ਓਧਰ ਗੁਰਦਾਸਪੁਰ ਦੇ ਪਿੰਡ ਦਬੁੱਧੀ ਦੇ ਨਵੋਦਿਆ ਸਕੂਲ ਵਿੱਚ ਫਸੇ ਬੱਚਿਆਂ ਨੂੰ ਐਨ.ਡੀ.ਆਰ.ਐਫ ਅਤੇ ਖਾਲਸਾ ਏਡ ਵਲੋਂ ਕਿਸ਼ਤੀਆਂ ਰਾਹੀ ਸੁਰੱਖਿਅਤ ਬਾਹਰ ਕੱਢਿਆ ਗਿਆ ਏ । ਓਧਰ ਅੱਜ ਪਠਾਨਕੋਟ ਦੇ ਮਾਧੋਪੁਰ ਹੈੱਡਵਰਕਸ ਦਾ ਫਲੱਡ ਗੇਟ ਟੁੱਟ ਗਿਆ । ਗੇਟ ਦੀ ਜਾਂਚ ਕਰ ਰਹੇ ਲਗਭਗ 50 ਕਰਮਚਾਰੀ ਜੰਮੂ ਦੇ ਲਖਨਪੁਰ ਵਾਲੇ ਪਾਸੇ ਫਸ ਗਏ, ਜਿਨ੍ਹਾਂ ਨੂੰ ਹੈਲੀਕਾਪਟਰ ਦੀ ਮਦਦ ਨਾਲ ਬਾਹਰ ਕੱਢਿਆ ਗਿਆ । ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਦਸਿਆ । BYTE

ਓਧਰ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਅਤੇ ਐਸ.ਐਸ. ਪੀ. ਗੁਰਮੀਤ ਸਿੰਘ ਨੇ ਸਰਹੱਦੀ ਪਿੰਡਾਂ ਵਿੱਚ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ । ਡਿਪਟੀ ਕਮਿਸ਼ਨਰ ਨੇ ਦਸਿਆ । BYTE:

ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਹਲਕੇ ਦੇ ਸਰਹੱਦੀ ਪਿੰਡਾਂ ਵਿੱਚ ਰਾਵੀ ਦਰਿਆ ਦਾ ਪਾਣੀ ਦਾਖਲ ਹੋ ਗਿਆ ਏ । ਧੁੱਸੀ ਬੰਨ ਟੁੱਟਣ ਕਾਰਨ ਦਰਿਆ ਦਾ ਪਾਣੀ ਕਈ ਪਿੰਡਾਂ ਵਿੱਚ ਫੈਲ ਗਿਆ। ਪਾਣੀ ਦੇ ਵਹਾਅ ਕਾਰਨ ਲੋਕਾਂ ਨੂੰ ਆਪਣੇ ਘਰ ਛੱਡ ਕੇ ਸੁਰੱਖਿਅਤ ਥਾਵਾਂ ਵੱਲ ਜਾਣਾ ਪੈ

ਰਿਹਾ ਏ । ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦੇਰੀ ਨਾ ਕਰਦੇ ਹੋਏ ਤੁਰੰਤ ਸੁਰੱਖਿਅਤ ਥਾਵਾਂ ਵੱਲ ਚਲੇ ਜਾਣ। ਡਿਪਟੀ ਕਮਿਸ਼ਨਰ ਨੇ ਸਾਫ ਕੀਤਾ ਕਿ ਪ੍ਰਸ਼ਾਸਨ ਦੀਆਂ ਟੀਮਾਂ ਸਵੇਰੇ ਤੋਂ ਹੀ ਮੌਕੇ ’ਤੇ ਮੌਜੂਦ ਹਨ ਅਤੇ ਹਰ ਸੰਭਵ ਸਹਾਇਤਾ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਬਠਿੰਡਾ ਤੋਂ ਵੀ NDRFਦੀ ਇੱਕ ਹੋਰ ਟੀਮ ਪਹੁੰਚ ਰਹੀ ਏ  ਜਦਕਿ ਫੌਜ ਦੇ ਜਵਾਨਾਂ ਨੂੰ ਵੀ ਅਲਰਟ ’ਤੇ ਰੱਖਿਆ ਗਿਆ ਏ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਵੀ ਲੋਕ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਹੋਏ ਹਨ, ਉਹਨਾਂ ਦੀ ਲੋਕੇਸ਼ਨ ਪ੍ਰਸ਼ਾਸਨ ਤੱਕ ਪਹੁੰਚ ਰਹੀ ਏ ਅਤੇ ਸਥਾਨਕ ਪੁਲਿਸ, ਬੀਐਸਐਫ ਅਤੇ ਹੋਰ ਟੀਮਾਂ ਮਿਲ ਕੇ ਰਾਹਤ ਕਾਰਵਾਈ ਕਰ ਰਹੀਆਂ ਹਨ।

---------------------------------------------------------------------------------

ਬਰਸਾਤੀ ਮੌਸਮ ਅਤੇ ਹੜ੍ਹ ਕਾਰਨ ਸਿਹਤ ਸੰਬੰਧੀ ਖਤਰੇ ਨੂੰ ਦੇਖਦਿਆਂ ਹੁਸ਼ਿਆਰਪੁਰ ਸਿਹਤ ਵਿਭਾਗ ਵੱਲੋਂ ਲੋਕਾਂ ਦੀ ਸੁਰੱਖਿਆ ਲਈ ਖਾਸ ਸਲਾਹ ਜਾਰੀ ਕੀਤੀ ਏ । ਸਿਵਲ ਸਰਜਨ  ਡਾ. ਪਵਨ ਕੁਮਾਰ ਸ਼ਗੋਤਰਾ ਕਿਹਾ ਕਿ ਹੜ੍ਹ ਦੇ ਦੌਰਾਨ ਪਾਣੀ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕਿ ਦਸਤ, ਟਾਈਫਾਇਡ, ਪੀਲੀਆ  ਹੈਜ਼ਾ, ਚਮੜੀ ਦੀਆਂ ਲਾਗਾਂ ਅਤੇ ਸੱਪ ਦੇ ਕੱਟਣ ਦੀਆਂ ਘਟਨਾਵਾਂ ਹੋ ਸਕਦੀਆਂ ਨੇ । ਇਸ ਲਈ

ਲੋਕਾਂ ਨੂੰ ਸਾਵਧਾਨ ਰਹਿਣਾ ਬਹੁਤ ਜ਼ਰੂਰੀ ਏ। ਉਹਨਾਂ ਲੋਕਾਂ ਨੂੰ ਹੜ੍ਹ ਦੇ ਪਾਣੀ ਨਾਲ ਸਿੱਧੇ ਸੰਪਰਕ ਤੋਂ ਬਚਣ ਲਈ ਕਿਹਾ ।
------------------------------------------------------------------------------------
ਪੰਜਾਬ ਜੰਮੂ ਕਸ਼ਮੀਰ, ਅਤੇ ਹਿਮਾਚਲ ਪ੍ਰਦੇਸ਼ ਵਿੱਚ ਮੀਂਹ ਅਤੇ ਹੜ੍ਹ ਦਾ ਕਹਿਰ ਜਾਰੀ ਏ। ਜੰਮੂ-ਕਸ਼ਮੀਰ ਦੇ ਕਟੜਾ ਵਿੱਚ ਵੈਸ਼ਨੋ ਦੇਵੀ ਤੀਰਥ ਸਥਾਨ ਨੂੰ ਜਾਣ ਵਾਲੇ ਰਸਤੇ 'ਤੇ ਭਾਰੀ ਮੀਂਹ ਕਾਰਨ ਜ਼ਮੀਨ ਖਿਸਕਣ ਤੋਂ ਬਾਅਦ ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ਨੇ। ਲਗਾਤਾਰ ਮੀਂਹ ਦੇ ਵਿਚਕਾਰ, ਸੀ.ਆਰ.ਪੀ.ਐਫ ਦੀ 6ਵੀਂ ਬਟਾਲੀਅਨ ਨੇ ਬਚਾਅ ਕਾਰਜ ਸ਼ੁਰੂ ਕੀਤਾ ਅਤੇ ਜ਼ਖਮੀਆਂ ਨੂੰ ਕਟੜਾ ਦੇ ਕਮਿਊਨਿਟੀ ਹੈਲਥ ਸੈਂਟਰ ਪਹੁੰਚਾਇਆ। ਟੀਮ ਨੇ ਫਸੇ ਸ਼ਰਧਾਲੂਆਂ ਦੀ ਮਦਦ ਵੀ ਕੀਤੀ ਅਤੇ ਉਨ੍ਹਾਂ ਨੂੰ ਜ਼ਰੂਰੀ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ। ਇਸ ਘਟਨਾ ਵਿੱਚ ਕਈ ਲੋਕਾਂ ਦੀ ਮੌਤ ਹੋ ਗਈ। ਯਾਤਰਾ ਨੂੰ ਅਸਥਾਈ ਤੌਰ 'ਤੇ ਰੋਕ ਦਿੱਤਾ ਗਿਆ ਏ ਹੈ। ਇਸ ਦੌਰਾਨ, ਜੰਮੂ ਖੇਤਰ ਦੇ ਕੁਝ ਇਲਾਕਿਆਂ ਵਿੱਚ ਬਿਜਲੀ ਸਪਲਾਈ ਅਤੇ ਇੰਟਰਨੈੱਟ ਸੇਵਾਵਾਂ ਵਿੱਚ ਵਿਘਨ ਪੈਣ ਦੀ ਸੂਚਨਾ ਏ । ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ 'ਤੇ ਵਾਹਨਾਂ ਦੀ ਆਵਾਜਾਈ ਅੱਜ ਲਗਾਤਾਰ ਦੂਜੇ ਦਿਨ ਵੀ ਮੁਅੱਤਲ ਰਹੀ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਸ਼੍ਰੀ ਮਾਤਾ ਵੈਸ਼ਨੋ ਦੇਵੀ ਤੀਰਥ ਸੜਕ 'ਤੇ ਜ਼ਮੀਨ ਖਿਸਕਣ ਨਾਲ ਹੋਏ ਜਾਨੀ ਅਤੇ ਮਾਲੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪ੍ਰਸ਼ਾਸਨ ਸਾਰੇ ਪ੍ਰਭਾਵਿਤ ਲੋਕਾਂ ਨੂੰ ਸਹਾਇਤਾ ਪ੍ਰਦਾਨ ਕਰ ਰਿਹਾ ਏ । ਉਨ੍ਹਾਂ ਨੇ ਹਾਦਸੇ ਵਿੱਚ ਜ਼ਖਮੀ ਹੋਏ ਲੋਕਾਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕੀਤੀ। ਪ੍ਰਧਾਨ ਮੰਤਰੀ ਨੇ ਸਾਰਿਆਂ ਦੀ ਸੁਰੱਖਿਆ ਅਤੇ ਤੰਦਰੁਸਤੀ ਲਈ ਵੀ ਪ੍ਰਾਰਥਨਾ ਕੀਤੀ ।

--------------------------------------------------------------------------------

ਉੱਤਰੀ ਰੇਲਵੇ ਨੇ ਜੰਮੂ-ਕਸ਼ਮੀਰ ਦੇ ਜੰਮੂ ਖੇਤਰ ਵਿੱਚ ਭਾਰੀ ਬਾਰਿਸ਼ ਕਾਰਨ 45 ਰੇਲਗੱਡੀਆਂ ਕਰ ਦਿੱਤੀਆਂ ਨੇ ਅਤੇ 25 ਰੇਲਗੱਡੀਆਂ ਨੂੰ ਵਿਚਕਾਰ ਹੀ ਰੋਕ ਦਿੱਤਾ ਏ । ਉੱਤਰੀ ਰੇਲਵੇ ਦੇ ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਕਿਹਾ ਕਿ ਇਹ ਫੈਸਲਾ ਮੁਸਾਫ਼ਰਾਂ ਦੀ ਸੁਰੱਖਿਆ ਲਈ ਲਿਆ ਗਿਆ ਏ । ਉਨ੍ਹਾਂ ਕਿਹਾ ਕਿ ਜੰਮੂ ਤਵੀ, ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ, ਪਠਾਨਕੋਟ ਅਤੇ ਨਵੀਂ ਦਿੱਲੀ ਰੇਲਵੇ ਸਟੇਸ਼ਨਾਂ 'ਤੇ ਹੈਲਪ ਡੈਸਕ ਸਥਾਪਤ ਕੀਤੇ ਗਏ ਨੇ । ਪਠਾਨਕੋਟ ਸਥਿਤ ਚੱਕੀ ਨਦੀ ਵਿੱਚ ਜ਼ਮੀਨ ਖਿਸਕਣ ਅਤੇ ਹੜ੍ਹ

ਆਉਣ ਕਾਰਨ ਅਤੇ ਜੰਮੂ ਡਿਵੀਜ਼ਨ ਉੱਤੇ ਰੇਲ ਆਵਾਜਾਈ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਏ । ਇਨਾ ਰੇਲਗੱਡੀਆਂ ਵਿਚ ਸ਼ਹੀਦ ਕੈਪਟਨ ਤੁਸ਼ਾਰ ਮਹਾਜਨ - ਛਪਰਾ ਨੂੰ ਰੱਦ ਕੀਤਾ ਗਿਆ ਜਦਕਿ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ - ਡਾ. ਅੰਬੇਡਕਰ ਨਗਰ ਰੇਲ ਗੱਡੀ ਨੂੰ ਅੰਸ਼ਕ ਤੌਰ 'ਤੇ ਰੱਦ ਕੀਤਾ ਗਿਆ ਏ । ਇਸੇ ਤਰਾਂ ਹੋਰਨਾਂ ਰੱਦ ਕੀਤੀਆਂ ਰੇਲਗੱਡੀਆਂ ਵਿਚ, ਪਠਾਨਕੋਟ-ਜਲੰਧਰ ਸਿਟੀ ਪੈਸੇਂਜਰ, ਪਠਾਨਕੋਟ - ਸ਼ਹੀਦ ਕੈਪਟਨ ਤੁਸ਼ਾਰ ਮਹਾਜਨ, ਪਠਾਨਕੋਟ - ਜਲੰਧਰ ਸ਼ਹਿਰ ,ਜਲੰਧਰ ਸ਼ਹਿਰ-ਪਠਾਨਕੋਟ, ਵੇਰਕਾ ਜੰਕਸ਼ਨ-ਪਠਾਨਕੋਟ , ਪਠਾਨਕੋਟ - ਵੇਰਕਾ ਜੰਕਸ਼ਨ,ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਨਵੀਂ ਦਿੱਲੀ , ਅੰਮ੍ਰਿਤਸਰ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸ਼ਾਮਿਲ ਨੇ ।

---------------------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਭਾਰਤ ਕਿਸੇ ਦੀ ਜ਼ਮੀਨ ਹੜੱਪਣਾ ਨਹੀਂ ਚਾਹੁੰਦਾ ਪਰ ਆਪਣੀ ਜ਼ਮੀਨ ਦੀ ਰੱਖਿਆ ਲਈ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਏ । ਮੱਧ ਪ੍ਰਦੇਸ਼ ਦੇ ਆਰਮੀ ਵਾਰ ਕਾਲਜ ਮਹੂ ਵਿਖੇ ਰਣ ਸੰਵਾਦ 2025 ਦੇ ਸਾਂਝੇ ਸੰਵਾਦ ਪ੍ਰੋਗਰਾਮ ਦੌਰਾਨ ਸਬੋਧਨ ਕਰਦਿਆਂ ਉਨ੍ਹਾਂ ਕਿਹਾ IBYTE

ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਦੇ ਸਾਹਮਣੇ ਚੁਣੌਤੀਆਂ ਬਹੁਤ ਵੱਡੀਆਂ ਹਨ, ਪਰ ਸਾਡਾ ਇਰਾਦਾ ਅਤੇ ਹਿੰਮਤ ਇਸ ਤੋਂ ਕਿਤੇ ਵੱਧ ਏ ।

ਉਨ੍ਹਾਂ ਕਿਹਾ ਕਿ ਦੁਨੀਆ ਨਾ ਸਿਰਫ਼ ਸਾਡੀ ਤਾਕਤ ਦਾ ਸਗੋਂ ਵਿਸ਼ਵਾਸ, ਸ਼ਾਂਤੀ ਅਤੇ ਨਿਆਂ ਪ੍ਰਤੀ ਸਾਡੇ ਸਮਰਪਣ ਦਾ ਵੀ ਸਤਿਕਾਰ ਕਰਦੀ ਹੈ।

-------------------------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਜ਼ਿੰਬਾਬਵੇ ਦੇ ਇੱਕ ਵਿਦਿਆਰਥੀ ਦੇ ਕਤਲ ਮਾਮਲੇ ਵਿੱਚ ਪੰਜਾਬ ਪੁਲਿਸ ਮੁਖੀ ਅਤੇ ਬਠਿੰਡਾ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ ਨੋਟਿਸ ਜਾਰੀ ਕੀਤਾ ਏ। ਮੀਡੀਆ ਰਿਪੋਰਟਾਂ ਦਾ ਖੁਦ ਨੋਟਿਸ ਲੈਂਦੇ ਹੋਏ, ਕਮਿਸ਼ਨ ਨੇ ਦੋ ਹਫ਼ਤਿਆਂ ਦੇ ਅੰਦਰ ਵਿਸਥਾਰਿਤ ਰਿਪੋਰਟ ਮੰਗੀ ਏ। ਮੀਡੀਆ ਰਿਪੋਰਟਾਂ ਵਿੱਚ ਕਿਹਾ ਗਿਆ ਏ ਕਿ ਜ਼ਿੰਬਾਬਵੇ ਦੇ ਵਿਦਿਆਰਥੀ 'ਤੇ ਪਿਛਲੇ ਹਫ਼ਤੇ ਕੁਝ ਲੋਕਾਂ ਨੇ ਹਮਲਾ ਕੀਤਾ ਸੀ, ਜਿਸ ਤੋਂ ਬਾਅਦ ਉਸਦੀ ਬਠਿੰਡਾ ਦੇ ਏਮਜ਼ ਹਸਪਤਾਲ ਵਿੱਚ ਮੌਤ ਹੋ ਗਈ। ਕਮਿਸ਼ਨ ਨੇ ਕਿਹਾ ਏ ਕਿ ਜੇਕਰ ਇਹ ਘਟਨਾ ਸੱਚ ਏ, ਤਾਂ ਇਹ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਏ।

-------------------------------------------------------------------------------

ਗਣੇਸ਼ ਚਤੁਰਥੀ ਦਾ ਤਿਉਹਾਰ ਅੱਜ ਦੇਸ਼ ਭਰ ਵਿੱਚ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਗਣੇਸ਼ ਚਤੁਰਥੀ ਦੇ ਸ਼ੁਭ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।
NSD

ਰਵੀਚੰਦਰਨ ਅਸ਼ਵਿਨ - ਆਈਪੀਐਲ ਤੋਂ ਸੰਨਿਆਸ

ਭਾਰਤ ਦੇ ਸਾਬਕਾ ਸਪਿਨ ਗੇਂਦਬਾਜ਼ ਰਵੀ-ਚੰਦਰਨ ਅਸ਼ਵਿਨ ਨੇ IPL ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਰਾਹੀਂ,ਅਸ਼ਵਿਨ ਨੇ  ਕਿਹਾ ਕਿ ਹੁਣ ਉਨ੍ਹਾਂ ਨੂੰ ਦੁਨੀਆ ਭਰ ਦੀਆਂ ਲੀਗਾਂ ਵਿੱਚ ਖੇਡਣ ਦਾ ਤਜਰਬਾ ਮਿਲੇਗਾ। ਅਸ਼ਵਿਨ ਨੇ 14 ਸਾਲਾਂ ਦੇ ਕਰੀਅਰ ਵਿੱਚ 221 ਮੈਚਾਂ ਵਿੱਚ 187 ਵਿਕਟਾਂ ਲੈ ਕੇ ਆਈ.ਪੀ.ਐਲ ਵਿੱਚ ਚੌਥੇ ਸਭ ਤੋਂ ਵੱਧ ਵਿਕਟਾਂ ਲੈਣ ਵਾਲੇ ਗੇਂਦਬਾਜ਼ ਵਜੋਂ ਆਪਣਾ ਨਾਮ ਦਰਜ ਕਰਵਾਇਆ।

---

- ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਹੜ੍ਹਾਂ ਦਾ ਕਹਿਰ ਜਾਰੀ ।
- ਜੰਮੂ-ਕਸ਼ਮੀਰ ਦੇ ਕਟੜਾ ਵਿੱਚ ਵੈਸ਼ਨੋ ਦੇਵੀ ਮੰਦਰ ਨੂੰ ਜਾਣ ਵਾਲੇ ਰਸਤੇ 'ਤੇ ਜ਼ਮੀਨ ਖਿਸਕਣ ਕਾਰਨ  ਕਈ ਲੋਕਾਂ ਦੀ ਮੌਤ ਰਾਹਤ ਅਤੇ ਬਚਾਅ ਕਾਰਜ ਜੰਗੀ ਜਾਰੀ ਨੇ - ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਘਟਨਾ 'ਤੇ ਦੁੱਖ ਪ੍ਰਗਟ ਕੀਤਾ ।

- ਉੱਤਰੀ ਰੇਲਵੇ ਵਲੋਂ ਜੰਮੂ ਕਸ਼ਮੀਰ 'ਚ ਲਗਾਤਾਰ ਭਾਰੀ ਬਾਰਿਸ਼ ਕਾਰਨ ਜੰਮੂ ਰੇਲਵੇ ਸਟੇਸ਼ਨ ਤੋਂ ਆਉਣ-ਜਾਣ ਵਾਲੀਆਂ ਕਈ ਰੇਲਗੱਡੀਆਂ ਰੱਦ ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ- ਭਾਰਤ ਕਿਸੇ ਦੀ ਜ਼ਮੀਨ ਹੜੱਪਣਾ ਨਹੀਂ ਚਾਹੁੰਦਾ ਪਰ ਆਪਣੀ ਜ਼ਮੀਨ ਦੀ ਰੱਖਿਆ ਲਈ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਏ।
- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਜ਼ਿੰਬਾਬਵੇ ਦੇ ਇੱਕ ਵਿਦਿਆਰਥੀ ਦੇ ਕਤਲ ਮਾਮਲੇ ਵਿੱਚ ਪੰਜਾਬ ਪੁਲਿਸ ਮੁੱਖੀ ਅਤੇ ਬਠਿੰਡਾ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਰਜਿਸਟਰਾਰ ਨੂੰ ਨੋਟਿਸ ਜਾਰੀ ਕੀਤਾ।
- ਭਾਰਤ ਦੇ ਸਾਬਕਾ ਸਪਿਨ ਗੇਂਦਬਾਜ਼ ਰਵੀ-ਚੰਦਰਨ ਅਸ਼ਵਿਨ ਵਲੋਂ IPL ਤੋਂ ਸੰਨਿਆਸ ਲੈਣ ਦਾ ਐਲਾਨ ।

- **ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋ ਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**